ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਬਰਨਾਲਾ

ਜ਼ਿਲ੍ਹਾ ਰੈੱਡ ਕ੍ਰਾਸ ਸੁਸਾਇਟੀ ਵੱਲੋਂ ਖ਼ੂਨਦਾਨ ਕੈਂਪ
* ਡਿਪਟੀ ਕਮਿਸ਼ਨਰ ਵੱਲੋਂ ਖ਼ੂਨਦਾਨੀਆਂ ਦੀ ਹੌਸਲਾ ਅਫਜ਼ਾਈ
* ਆਸ਼ਾ ਵਰਕਰਾਂ ਨੂੰ ਸੈਨੇਟਾਈਜ਼ਰ ਅਤੇ ਮਾਸਕ ਵੰਡੇ
ਬਰਨਾਲਾ, **8** ਮਈ
ਵਿਸ਼ਵ ਰੈੱਡ ਕਰਾਸ ਦਿਵਸ ਮੌਕੇ ਜ਼ਿਲ੍ਹਾ ਰੈੱਡ ¬ਕ੍ਰਾਸ ਸੁਸਾਇਟੀ ਬਰਨਾਲਾ ਵੱਲੋਂ ਅੱਜ ਵੱਖ ਵੱਖ ਸਮਾਜਸੇਵੀ ਸੰਸਥਾਵਾਂ ਦੇ ਸਹਿਯੋਗ ਨਾਲ ਸਿਵਲ ਹਸਪਤਾਲ ਬਰਨਾਲਾ ਵਿਖੇ ਖ਼ੂਨਦਾਨ ਕੈਂਪ ਲਾਇਆ ਗਿਆ। ਇਸ ਮੌਕੇ ਡਿਪਟੀ ਕਮਿਸ਼ਨਰ ਕਮ ਪ੍ਰਧਾਨ ਜ਼ਿਲ੍ਹਾ ਰੈੱਡ ¬ਕ੍ਰਾਸ ਸੁਸਾਇਟੀ ਬਰਨਾਲਾ ਸ੍ਰੀ ਤੇਜ ਪ੍ਰਤਾਪ ਸਿੰਘ ਫੂਲਕਾ ਵਿਸ਼ੇਸ਼ ਤੌਰ ’ਤੇ ਪੁੱਜੇ। ਉਨ੍ਹਾਂ ਰੈੱਡ ਕ੍ਰਾਸ ਸੰਸਥਾਪਕ ਜੀਨ ਹੈਨਰੀ ਡਿਊਨੈਂਟ ਅਤੇ ਭਾਈ ਘਨ੍ਹੱਈਆ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਰੈੱਡ ਕ੍ਰਾਸ ਸੁਸਾਇਟੀ ਵੱਖ ਵੱਖ ਸੰਸਥਾਵਾਂ ਦੇ ਸਹਿਯੋਗ ਨਾਲ ਲੋੜਵੰਦਾਂ ਦੀ ਸੇਵਾ ਵਿਚ ਜੁਟੀ ਹੋਈ ਹੈ।
ਇਸ ਮੌਕੇ ਉਨ੍ਹਾਂ ਰੈੱਡ ¬ਕ੍ਰਾਸ ਸੁਸਾਇਟੀ ਨੂੰ ਸਹਿਯੋਗ ਦੇਣ ਵਾਲੀਆਂ ਸੰਸਥਾਵਾਂ ਆਸਰਾ ਸੋਸ਼ਲ ਵੈਲਫੇਅਰ ਕਲੱਬ ਅਤੇ ਸੰਤ ਨਿਰੰਕਾਰੀ ਮਿਸ਼ਨ ਤੇ ਹੋਰ ਸੰਸਥਾਵਾਂ ਦੇ ਉਦਮ ਨੂੰ ਸਲਾਹਿਆ ਅਤੇ ਖ਼ੂਨਦਾਨੀਆਂ ਦੀ ਹੌਸਲਾ ਅਫਜ਼ਾਈ ਕੀਤੀ। ਉਨ੍ਹਾਂ ਕਿਹਾ ਕਿ ਖ਼ੂਨਦਾਨ ਇਕ ਮਹਾਂਦਾਨ ਹੈ ਅਤੇ ਮੌਜੂਦਾ ਸਮੇਂ ਕਰੋਨਾ ਵਾਇਰਸ ਦੇ ਸੰਕਟ ਦੌਰਾਨ ਅਜਿਹੇ ਉਪਰਾਲੇ ਵਰਦਾਨ ਹਨ।
ਇਸ ਮੌਕੇ ਖ਼ੂਨਦਾਨ ਕੈਂਪ ਵਿਚ **45** ਯੂਨਿਟ ਖ਼ੂਨ ਇਕੱਤਰ ਹੋਇਆ। ਇਸ ਮੌਕੇ ਡਿਪਟੀ ਕਮਿਸ਼ਨਰ ਦੇ ਨਿਰਦੇਸ਼ਾਂ ਅਨੁਸਾਰ ਆਸ਼ਾ ਵਰਕਰਾਂ ਦੇ ਨੁਮਾਇੰਦਿਆਂ ਨੂੰ ਮਾਸਕ ਅਤੇ ਸੈਨੇਟਾਈਜ਼ਰ ਵੀ ਵੰਡੇ ਗਏ। ਇਸ ਮੌਕੇ ਜ਼ਿਲ੍ਹਾ ਰੈੱਡ ਕ੍ਰਾਸ ਸੁਸਾਇਟੀ ਬਰਨਾਲਾ ਦੇ ਸਕੱਤਰ ਸਰਵਣ ਸਿੰਘ, ਆਸਰਾ ਸੋਸ਼ਲ ਵੈਲਫੇਅਰ ਕਲੱਬ ਦੇ ਪ੍ਰਧਾਨ ਰਾਜੇਸ਼ ਭੁਟਾਨੀ, ਵਾਤਾਵਰਣ ਪ੍ਰੇਮੀ ਰਣਦੀਪ ਸਿੰਘ ਔਜਲਾ ਆਦਿ ਹਾਜ਼ਰ ਸਨ।

**Blood donation camp organized by District Red Cross Society**
*** Mr. Phoolka encourages blood donors**
*** Distributed sanitizers and masks to ASHA workers**
**Barnala, May 8**
**District Red Cross Society, Barnala organized a blood donation camp at civil hospital under the guidance of Deputy Commissioner cum president of Red Cross Society, Mr. Tej Partap Singh Phoolka on the occasion of World Red Cross Day.**
**Mr. Phoolka paid tribute to Red Cross founder Jean Henri Dunant and Bhai Ghanaiya Ji. The deputy commissioner said that district Red Cross Society is engaged in the service of the needy. He lauded the efforts of Asra Social Welfare Club and Sant Nirankari Mission and other organizations supporting the Red Cross Society for blood donation canp. He encouraged the blood donars. "Blood donation is a noble cause and such efforts are a boon during the current situation", he added.**
**On this occasion, 45 units of blood was collected. Meanwhile, masks and sanitizers were distributed to ASHA workers as per the directions of the Deputy Commissioner. On the occasion, Mr. Sarwan Singh, Secretary, District Red Cross Society, Barnala, Mr.**

**Rajesh Bhutani, President, Asra Social Welfare Club, Mr. Randeep Singh Aujla and others were present.**

ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਬਰਨਾਲਾ
**250** ਬਿਸਤਰਿਆਂ ਵਾਲਾ ਢਿੱਲਵਾਂ ਕੋਵਿਡ ਕੇਅਰ ਸੈਂਟਰ ਤਿਆਰ: ਤੇਜ ਪ੍ਰਤਾਪ ਸਿੰਘ ਫੂਲਕਾ
* ਡਿਪਟੀ ਕਮਿਸ਼ਨਰ ਵੱਲੋਂ ਕੋਵਿਡ ਕੇਅਰ ਸੈਂਟਰ ਵਿਚ ਸਹੂਲਤਾਂ ਦਾ ਨਿਰੀਖਣ
* ਲੋੜ ਪੈਣ ’ਤੇ ਆਈਸੋਲੇਸ਼ਨ ਫੈਸਿਲਟੀ ਵਜੋਂ ਕੀਤੀ ਜਾਵੇਗੀ ਵਰਤੋਂ

ਤਪਾ/ਬਰਨਾਲਾ, **8** ਮਈ
ਜ਼ਿਲ੍ਹਾ ਬਰਨਾਲਾ ਵਿਚ ਕਰੋਨਾ ਵਾਇਰਸ ਦੀ ਰੋਕਥਾਮ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਚਹੁੰ-ਪੱਖੀ ਉਦਮ ਜਾਰੀ ਹਨ। ਇਹ ਪ੍ਰਗਟਾਵਾ ਡਿਪਟੀ ਕਮਿਸ਼ਨਰ ਸ੍ਰੀ ਤੇਜ ਪ੍ਰਤਾਪ ਸਿੰਘ ਫੂਲਕਾ ਵੱਲੋਂ ਜਵਾਹਰ ਨਵੋਦਿਆ ਵਿਦਿਆਲਿਆ, ਢਿੱਲਵਾਂ ਵਿਖੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਤਿਆਰ ਕਰਵਾਏ ਕੋਵਿਡ ਕੇਅਰ ਸੈਂਟਰ ਦਾ ਦੌਰਾ ਕਰਨ ਮੌਕੇ ਕੀਤਾ ਗਿਆ।
ਇਸ ਮੌਕੇ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹੇ ਵਿਚ ਕਰੋਨਾ ਵਾਇਰਸ ਦੇ ਮਰੀਜ਼ਾਂ ਲਈ ਦੋ ਆਈਸੋਲੇਸ਼ਨ ਫੈਸਿਲਟੀ ਹੈ, ਇਨ੍ਹਾਂ ਵਿਚੋਂ ਇਕ ਮੁੜ ਵਸੇਬਾ ਕੇਂਦਰ ਸੋਹਲ ਪੱਤੀ ਬਰਨਾਲਾ ਹੈ, ਜਿੱਥੇ **50** ਬਿਸਤਰਿਆਂ ਦੀ ਸਹੂਲਤ ਹੈ ਅਤੇ ਦੂਜਾ ਸੀਐਚਸੀ ਮਹਿਲ ਕਲਾਂ ਹੈ, ਜਿੱਥੇ **30** ਬਿਸਤਰਿਆਂ ਦੀ ਸਹੂਲਤ ਹੈ। ਉਨ੍ਹਾਂ ਦੱਸਿਆ ਕਿ ਇਸ ਤੋਂ ਬਿਨਾਂ ਕੋਵਿਡ ਕੇਅਰ ਸੈਂਟਰ ਤਿਆਰ ਕੀਤੇ ਗਏ ਹਨ, ਜਿਨ੍ਹਾਂ ਵਿਚੋਂ ਢਿੱਲਵਾਂ ਕੋਵਿਡ ਕੇਅਰ ਸੈਂਟਰ ਬਿਲਕੁਲ ਤਿਆਰ ਹੈ ਅਤੇ ਇਸ ਸੈਂਟਰ ਵਿਚ **250** ਬਿਸਤਰਿਆਂ ਦੀ ਸਹੂਲਤ ਹੈ। ਉਨ੍ਹਾਂ ਦੱਸਿਆ ਕਿ ਜੇਕਰ ਕਿਸੇ ਹਾਲਤ ਵਿਚ ਆਈਸੋਲੇਸ਼ਨ ਫੈਸਿਲਟੀ ਦੀ ਸਮਰੱਥਾ ਪੂਰੀ ਹੋ ਜਾਂਦੀ ਹੈ ਤਾਂ ਨਾਰਮਲ ਮਰੀਜ਼ਾਂ ਨੂੰ ਇੱਥੇ ਰੱਖਿਆ ਜਾ ਸਕਦਾ ਹੈ। ਇਸ ਤੋਂ ਇਲਾਵਾ ਇਸ ਕੋਵਿਡ ਕੇਅਰ ਸੈਂਟਰ ਲਈ ਸਟਾਫ ਦੀ ਡਿਊਟੀ ਲਗਾ ਦਿੱਤੀ ਗਈ ਹੈ ਅਤੇ ਡਿਊਟੀ ਸਟਾਫ ਦੇ ਰਹਿਣ-ਸਹਿਣ ਦੇ ਪੁਖਤਾ ਪ੍ਰਬੰਧ ਯਕੀਨੀ ਬ Î ਣਾਏ ਗਏ ਹਨ।
ਉਨ੍ਹਾਂ ਇਸ ਕੋਵਿਡ ਕੇਅਰ ਸੈਂਟਰ ਵਿਚ ਸਹੂਲਤਾਂ ਦਾ ਜਾਇਜ਼ਾ ਲਿਆ ਅਤੇ ਸਬੰਧਤ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਕਿਸੇ ਵੀ ਤਰ੍ਹਾਂ ਦੀ ਕਮੀ-ਪੇਸ਼ੀ ਨਾ ਰਹੇ। ਉਨ੍ਹਾਂ ਦੱਸਿਆ ਕਿ ਇਸ ਤੋਂ ਇਲਾਵਾ ਪੰਜਾਬ ਮਲਟੀਪਰਪਜ਼ ਮੈਡੀਕਲ ਇੰਸਟੀਚਿਊਟ, ਸ਼ਹਿਣਾ ਅਤੇ ਆਰਿਆ ਭੱਟ ਇੰਸਟੀਚਿਊਟ, ਬਰਨਾਲਾ ਨੂੰ ਕੋਵਿਡ ਕੇਅਰ ਸੈਂਟਰ ਵਜੋਂ ਨੋਟੀਫਾਈ ਕੀਤਾ ਗਿਆ ਹੈ ਤਾਂ ਜੋ ਕਿਸੇ ਵੀ ਸਥਿਤੀ ਵਿਚ ਜ਼ਰੂਰਤ ਪੈਣ ’ਤੇ ਇਨ੍ਹਾਂ ਸੈਂਟਰਾਂ ਦੀ ਵਰਤੋਂ ਕੀਤੀ ਜਾ ਸਕੇ।
ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜ) ਰੂਹੀ ਦੁੱਗ, ਐਸਡੀਐਮ ਅਨਮੋਲ ਸਿੰਘ ਧਾਲੀਵਾਲ ਅਤੇ ਸਿਵਲ ਸਰਜਨ ਡਾ. ਗੁਰਿੰਦਰਬੀਰ ਸਿੰਘ, ਐਸਐਮਓ ਡਾ. ਜਸਵੀਰ ਔਲਖ ਵੀ ਹਾਜ਼ਰ ਸਨ।

ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਬਰਨਾਲਾ
ਜ਼ਿਲ੍ਹਾ ਬਰਨਾਲਾ ਵਿਚ 7 ਵਜੇ ਤੋਂ 3 ਵਜੇ ਤੱਕ ਖੁੱਲ੍ਹ ਸਕਣਗੀਆਂ ਦੁਕਾਨਾਂ
 * ਜ਼ਿਲ੍ਹਾ ਮੈਜਿਸਟ੍ਰੇਟ ਤੇਜ ਪ੍ਰਤਾਪ ਸਿੰਘ ਫੂਲਕਾ ਵੱਲੋਂ ਹੁਕਮ ਜਾਰੀ
ਬਰਨਾਲਾ, 8 ਮਈ
ਜ਼ਿਲ੍ਹਾ ਬਰਨਾਲਾ ਵਿਚ ਦੁਕਾਨਾਂ ਹੁਣ ਸਵੇਰੇ 7 ਵਜੇ ਤੋਂ ਬਾਅਦ ਦੁਪਹਿਰ 3 ਵਜੇ ਤੱਕ ਖੁੱਲ੍ਹ ਸਕਣਗੀਆਂ, ਜਦੋਂਕਿ ਦੁਕਾਨਾਂ ਖੋਲ੍ਹਣ ਦੀ ਰੋਟੇਸ਼ਨਲ ਸਮਾਂ ਸਾਰਨੀ ਉਸੇ ਤਰ੍ਹਾਂ ਰਹੇਗੀ। ਜ਼ਿਲ੍ਹਾ ਮੈਜਿਟ੍ਰੇਟ ਬਰਨਾਲਾ ਸ੍ਰੀ ਤੇਜ ਪ੍ਰਤਾਪ ਸਿੰਘ ਫੂਲਕਾ ਵੱਲੋਂ ਜਾਰੀ ਹੁਕਮਾਂ ਅਨੁਸਾਰ ਬੈਂਕਾਂ ਵਿਚ ਪਬਲਿਕ ਡੀÇਲੰਗ ਦਾ ਸਮਾਂ ਸਵੇਰੇ 9 ਤੋਂ ਦੁਪਹਿਰ 1 ਵਜੇ ਰਹੇਗਾ। ਦੁਕਾਨਾਂ ਖੋਲ੍ਹਣ ਦਾ ਸਮਾਂ ਸਵੇਰੇ 7 ਵਜੇ ਤੋਂ ਬਾਅਦ ਦੁਪਹਿਰ 3 ਵਜੇ ਰਹੇਗਾ। ਐਤਵਾਰ ਨੂੰ ਸਾਰੀਆਂ ਦੁਕਾਨਾਂ ਬੰਦ ਰਹਿਣਗੀਆਂ।
ਜ਼ਿਲ੍ਹਾ ਮੈਜਿਸਟ੍ਰੇਟ ਵੱਲੋਂ ਜਾਰੀ ਹੁਕਮਾਂ ਅਨੁਸਾਰ 7 ਤੋਂ 3 ਵਜੇ ਦੌਰਾਨ ਮੈਡੀਕਲ ਐਮਰਜੈਂਸੀ, ਸਰਕਾਰ ਡਿਊਟੀ ਵਾਲੇ ਵਾਹਨਾਂ ਅਤੇ ਬੈਂਕਾਂ ਵਾਲੇ ਵਾਹਨਾਂ ਤੋਂ ਬਿਨਾਂ ਹੋਰ ਕੰਮਾਂ ਲਈ ਬਰਨਾਲਾ ਸ਼ਹਿਰ ਵਿਚ ਦੋ ਪਹੀਆ ਅਤੇ ਚਾਰ ਪਹੀਆ ਵਾਹਨ ਲਿਜਾਣ ਦੀ ਮਨਾਹੀ ਹੈ। ਜਿਹੜੇ ਵਿਅਕਤ ਸ਼ਹਿਰ ਤੋਂ ਬਾਹਰੋਂ ਇਸ ਸਮੇਂ ਦੌਰਾਨ ਬਰਨਾਲਾ ਸ਼ਹਿਰ ਵਿਚ ਆਉਣਗੇ, ਉਹ ਆਪਣੇ ਵਾਹਨ ਖੁੱਡੀ ਰੋਡ, ਬਾਜਾਖਾਨਾ ਰੋਡ, ਅਨਾਜ ਮੰਡੀ, ਕਚਹਿਰੀ ਚੌਕ (ਫਲਾਈਓਵਰ ਦੇ ਹੇਠਾਂ), ਪੱਕਾ ਕਾਲਜ ਰੋਡ, ਧਨੌਲਾ ਰੋਡ, ਨਵੇਂ ਸਿਨੇਮੇ ਦੀ ਪਾਰਕਿੰਗ, ਮਾਤਾ ਗੁਲਾਬ ਕੌਰ ਚੌਂਕ ਤੇ 22 ਏਕੜ ਮਾਰਕੀਟ ਵਿਚ ਖੜ੍ਹੇ ਕਰ ਸਕਦੇ ਹਨ। ਇਨ੍ਹਾਂ ਹੁਕਮਾਂ ਦੀ ਉਲੰਘਣਾ ਕਰਨ ਵਾਲਿਆਂ ’ਤੇ ਸਖਤ ਕਾਰਵਾਈ ਕੀਤੀ ਜਾਵੇਗੀ।

ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਬਰਨਾਲਾ
ਘਰੇਲੂ ਹਿੰਸਾ ਤੇ ਮਾਨਸਿਕ ਤਣਾਅ ਤੋਂ ਪੀੜਤ ਔਰਤਾਂ ਲਈ ਹੈਲਪ ਲਾਈਨ ਨੰਬਰ ਜਾਰੀ
ਬਰਨਾਲਾ, 8 ਮਈ
ਕੋਰੋਨਾ ਵਾਇਰਸ ਦੀ ਮਹਾਮਾਰੀ ਦੇ ਚੱਲਦਿਆਂ ਕਰਫਿਊ ਦੌਰਾਨ ਘਰੇਲੂ ਹਿੰਸਾ ਤੇ ਮਾਨਸਿਕ ਤਣਾਅ ਤੋਂ ਪੀੜਤ ਔਰਤਾਂ ਬਰਨਾਲਾ ਵਿਖੇ ਸਥਾਪਿਤ ਵਨ ਸਟਾਪ ਸੈਂਟਰ ਨਾਲ ਸੰਪਰਕ ਕਰ ਸਕਦੀਆਂ ਹਨ।
ਇਹ ਪ੍ਰਗਟਾਵਾ ਕਰਦੇ ਹੋਏ ਜ਼ਿਲ੍ਹਾ ਪ੍ਰੋਗਰਾਮ ਅਫਸਰ ਸ੍ਰੀ ਕੁਲਵਿੰਦਰ ਸਿੰਘ ਨੇ ਦੱਸਿਆ ਕਿ ਮਾਨਸਿਕ ਤਣਾਅ ਤੋਂ ਪੀੜਤਾਂ ਲਈ ਵਿਭਾਗ ਵੱਲੋਂ ਟੈਲੀ ਕੌਂਸਲਿੰਗ ਸੇਵਾ ਹੈਲਪ ਲਾਈਨ 1800-180-4104 ਨੰਬਰ ਵੀ ਜਾਰੀ ਕੀਤਾ ਗਿਆ ਹੈ। ਇਸ ਤੋਂ ਕੋਈ ਵੀ ਹਿੰਸਾ ਪੀੜਤ ਔਰਤ ਦਫਤਰੀ ਟੈਲੀਫੋਨ ਨੰ. 01679-230181 ਜਾਂ 9779033575 ’ਤੇ ਸੰਪਰਕ ਕਰ ਸਕਦੀ ਹੈ। ਉਨ੍ਹਾਂ ਦੱਸਿਆ ਕਿ ਆਪਣੀ ਸ਼ਿਕਾਇਤ ਵਨ ਸਟਾਪ ਸੈਂਟਰ ਦੀ ਈ.ਮੇਲ sakhioscbnl0gmail.com ’ਤੇ ਵੀ ਈ.ਮੇਲ ਕੀਤੀ ਜਾ ਸਕਦੀ ਹੈ। ਉਨ੍ਹਾਂ ਕਿਹਾ ਕਿ ਪੀੜਤ ਔਰਤ ਦੀ ਹਰ ਸੰਭਵ ਮਦਦ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਪੀੜਤ ਔਰਤ ਵੱਲੋਂ 181 ਵਿਮੈਨ ਹੈਲਪ ਲਾਈਨ ਨੰਬਰ ਜਾਂ 112 ਪੁਲਿਸ ਹੈਲਪ ਲਾਈਨ ਨੰਬਰ ’ਤੇ ਵੀ ਸੰਪਰਕ ਕੀਤਾ ਜਾ ਸਕਦਾ ਹੈ।